## TODAY'S HUKAMNAMA FROM SRI DARBAR SAHIB, Sri Amritsar.

**[April 13th , 2025 - Sunday - 05:00 AM. IST]**

### ਸਲੋਕ ਮਃ ੫ ॥

**ਨਦੀ ਤਰੰਦੜੀ ਮੈਡਾ ਖੋਜੁ ਨ ਖੁੰਭੈ ਮੰਝਿ ਮੁਹਬਤਿ ਤੇਰੀ ॥ ਤਉ ਸਹ ਚਰਣੀ ਮੈਡਾ ਹੀਅੜਾ ਸੀਤਮੁ ਹਰਿ ਨਾਨਕ ਤੁਲਹਾ ਬੇੜੀ ॥੧॥ ਮਃ ੫ ॥ ਜਿਨ੍ਹਾ ਦਿਸੰਦੜਿਆ ਦੁਰਮਤਿ ਵੰਞੈ ਮਿਤ੍ਰ ਅਸਾਡੜੇ ਸੇਈ ॥ ਹਉ ਢੂਢੇਦੀ ਜਗੁ ਸਬਾਇਆ ਜਨ ਨਾਨਕ ਵਿਰਲੇ ਕੇਈ ॥੨॥ ਪਉੜੀ ॥ ਆਵੈ ਸਾਹਿਬੁ ਚਿਤਿ ਤੇਰਿਆ ਭਗਤਾ ਡਿਠਿਆ ॥ ਮਨ ਕੀ ਕਟੀਐ ਮੈਲੁ ਸਾਧਸੰਗਿ ਵੁਠਿਆ ॥ ਜਨਮ ਮਰਣ ਭਉ ਕਟੀਐ ਜਨ ਕਾ ਸਬਦੁ ਜਪਿ ॥ ਬੰਧਨ ਖੋਲਨਿ੍ ਸੰਤ ਦੂਤ ਸਭਿ ਜਾਹਿ ਛਪਿ ॥ ਤਿਸੁ ਸਿਉ ਲਾਇਨਿ੍ ਰੰਗੁ ਜਿਸ ਦੀ ਸਭ ਧਾਰੀਆ ॥ ਊਚੀ ਹੂੰ ਊਚਾ ਥਾਨੁ ਅਗਮ ਅਪਾਰੀਆ ॥ ਰੈਣਿ ਦਿਨਸੁ ਕਰ ਜੋੜਿ ਸਾਸਿ ਸਾਸਿ ਧਿਆਈਐ ॥ ਜਾ ਆਪੇ ਹੋਇ ਦਇਆਲੁ ਤਾਂ ਭਗਤ ਸੰਗੁ ਪਾਈਐ ॥੯॥**

**ਐਤਵਾਰ, ੧ ਵੈਸਾਖ (ਸੰਮਤ ੫੫੭ ਨਾਨਕਸ਼ਾਹੀ) ੧੩ ਅਪ੍ਰੈਲ, ੨੦੨੫ (ਅੰਗ: ੫੨੦)**

ਪੰਜਾਬੀ ਵਿਆਖਿਆ:

**ਸਲੋਕ ਮਃ ੫ ॥**

(ਸੰਸਾਰ-) ਨਦੀ ਵਿਚ ਤਰਦੀ ਦਾ ਮੇਰਾ ਪੈਰ (ਮੋਹ ਦੇ ਚਿੱਕੜ ਵਿਚ) ਨਹੀਂ ਖੁੱਭਦਾ, ਕਿਉਂਕਿ ਮੇਰੇ ਹਿਰਦੇ ਵਿਚ ਤੇਰੀ ਪ੍ਰੀਤਿ ਹੈ । ਹੇ ਪਤੀ (ਪ੍ਰਭੂ)! ਮੈਂ ਆਪਣਾ ਇਹ ਨਿਮਾਣਾ ਜਿਹਾ ਦਿਲ ਤੇਰੇ ਚਰਨਾਂ ਵਿਚ ਪ੍ਰੋ ਲਿਆ ਹੈ, ਹੇ ਹਰੀ! (ਸੰਸਾਰ-ਸਮੁੰਦਰ ਵਿਚੋਂ ਤਰਨ ਲਈ, ਤੂੰ ਹੀ) ਨਾਨਕ ਦਾ ਤੁਲ੍ਹਾ ਹੈਂ ਤੇ ਬੇੜੀ ਹੈਂ ।੧। ਸਾਡੇ (ਅਸਲ) ਮਿੱਤਰ ਉਹੀ ਮਨੁੱਖ ਹਨ ਜਿਨ੍ਹਾਂ ਦਾ ਦੀਦਾਰ ਹੋਇਆਂ ਭੈੜੀ ਮੱਤ ਦੂਰ ਹੋ ਜਾਂਦੀ ਹੈ, ਪਰ, ਹੇ ਦਾਸ ਨਾਨਕ! ਮੈਂ ਸਾਰਾ ਜਗਤ ਭਾਲ ਵੇਖਿਆ ਹੈ, ਕੋਈ ਵਿਰਲੇ (ਅਜੇਹੇ ਮਨੁੱਖ ਮਿਲਦੇ ਹਨ) ।੨। (ਹੇ ਪ੍ਰਭੂ!) ਤੇਰੇ ਭਗਤਾਂ ਦਾ ਦਰਸ਼ਨ ਕੀਤਿਆਂ ਤੂੰ ਮਾਲਕ ਅਸਾਡੇ ਮਨ ਵਿਚ ਆ ਵੱਸਦਾ ਹੈਂ, ਸਾਧ ਸੰਗਤਿ ਵਿਚ ਅੱਪੜਿਆਂ ਮਨ ਦੀ ਮੈਲ ਕੱਟੀ ਜਾਂਦੀ ਹੈ, (ਸਾਧ ਸੰਗਤਿ ਵਿਚ ਰਹਿ ਕੇ) ਸਿਫ਼ਤਿ-ਸਾਲਾਹ ਦੀ ਬਾਣੀ ਪੜ੍ਹਿਆਂ ਸੇਵਕ ਦਾ ਜਨਮ ਮਰਨ ਦਾ (ਭਾਵ, ਸਾਰੀ ਉਮਰ ਦਾ) ਡਰ ਕੱਟਿਆ ਜਾਂਦਾ ਹੈ, ਕਿਉਂਕਿ ਸੰਤ (ਜਿਸ ਮਨੁੱਖ ਦੇ ਮਾਇਆ ਵਾਲੇ) ਬੰਧਨ ਖੋਲ੍ਹਦੇ ਹਨ (ਉਸ ਦੇ ਵਿਕਾਰ ਰੂਪ) ਸਾਰੇ ਜਿੰਨ ਭੂਤ ਲੁਕ ਜਾਂਦੇ ਹਨ । ਇਹ ਸਾਰੀ ਸ੍ਰਿਸ਼ਟੀ ਜਿਸ ਪ੍ਰਭੂ ਦੀ ਟਿਕਾਈ ਹੋਈ ਹੈ, ਜਿਸ ਦਾ ਅਸਥਾਨ ਸਭ ਤੋਂ ਉੱਚਾ ਹੈ, ਜੋ ਅਪਹੁੰਚ ਤੇ ਬੇਅੰਤ ਹੈ, ਸੰਤ ਉਸ ਪਰਮਾਤਮਾ ਨਾਲ (ਅਸਾਡਾ) ਪਿਆਰ ਜੋੜ ਦੇਂਦੇ ਹਨ । (ਹੇ ਭਾਈ!) ਦਿਨ ਰਾਤਿ ਸੁਆਸ ਸੁਆਸ ਹੱਥ ਜੋੜ ਕੇ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, ਜਦੋਂ ਪ੍ਰਭੂ ਆਪ ਹੀ ਦਿਆਲ ਹੁੰਦਾ ਹੈ ਤਾਂ ਉਸ ਦੇ ਭਗਤਾਂ ਦੀ ਸੰਗਤਿ ਪ੍ਰਾਪਤ ਹੁੰਦੀ ਹੈ ।੯।

English Translation:

**SHALOK, FIFTH MEHL:**

Crossing the stream, my foot does not get stuck — I am filled with love for You. O Lord, my heart is attached to Your Feet; the Lord is Nanak's raft and boat. || 1 || FIFTH MEHL: The sight of them banishes my evil-mindedness; they are my only true friends. I have searched the whole world; O servant Nanak, how rare are such persons! || 2 || PAUREE: You come to mind, O Lord and Master, when I behold Your devotees. The filth of my mind is removed, when I dwell in the Saadh Sangat, the Company of the Holy. The fear of birth and death is dispelled, meditating on the Word of His humble servant. The Saints untie the bonds, and all the demons are dispelled. They inspire us to love Him, the One who established the entire universe. The seat of the inaccessible and infinite Lord is the highest of the high. Night and day, with your palms pressed together, with each and every breath, meditate on Him. When the Lord Himself becomes merciful, then we attain the Society of His devotees. || 9 ||

**Sunday, 1st Vaisaakh (Samvat 557 Nanakshahi) 13th April 2025 (Ang: 520)**